ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times 15 ਨਵੰਬਰ 2026 ਦਿਨ ਐਤਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼

ਮਾਊਂਟ ਲਿਟਰਾ ਜ਼ੀ ਸਕੂਲ ਵਿਖੇ ਬਾਲ ਦਿਵਸ ਬਹੁਤ ਸ਼ਾਨਦਾਰ ਢੰਗ ਨਾਲ ਮਨਾਇਆ ਗਿਆ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ



ਫਰੀਦਕੋਟ, 15 ਨਵੰਬਰ : ਮਾਊਂਟ ਲਿਟਰਾ ਜ਼ੀ ਸਕੂਲ, ਫਰੀਦਕੋਟ ਵਿਖੇ ਬਾਲ ਦਿਵਸ ਬਹੁਤ ਸ਼ਾਨਦਾਰ, ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਖਾਸ ਮੌਕੇ ਨੂੰ ਮਨਾਉਣ ਲਈ, ਸਕੂਲ ਦੇ ਅਧਿਆਪਕਾਂ ਨੇ ਵਿਦਿਆਰਥੀਆਂ ਲਈ ਇੱਕ ਸ਼ਾਨਦਾਰ ਵਿਸ਼ੇਸ਼ ਸਵੇਰ ਦੀ ਸਭਾ ਦਾ ਆਯੋਜਨ ਕੀਤਾ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਬੱਚਿਆਂ ਲਈ ਪਿਆਰ, ਸਤਿਕਾਰ ਅਤੇ ਉੱਜਵਲ ਭਵਿੱਖ ਦੀ ਮਹੱਤਤਾ ਨੂੰ ਦਰਸਾਉਣਾ ਸੀ। ਪ੍ਰੋਗਰਾਮ ਦੀ ਸ਼ੁਰੂਆਤ ਅਧਿਆਪਕਾਂ ਦੁਆਰਾ ਬਾਲ ਦਿਵਸ ਦੀ ਮਹੱਤਤਾ ਤੇ ਇੱਕ ਪ੍ਰੇਰਨਾਦਾਇਕ ਭਾਸ਼ਣ ਨਾਲ ਹੋਈ। ਅਧਿਆਪਕਾਂ ਨੇ ਪੰਡਿਤ ਜਵਾਹਰ ਲਾਲ ਨਹਿਰੂ ਦੇ ਜੀਵਨ, ਉਨ੍ਹਾਂ ਦੇ ਵਿਚਾਰਾਂ ਅਤੇ ਬੱਚਿਆਂ ਪ੍ਰਤੀ ਉਨ੍ਹਾਂ ਦੇ ਵਿਸ਼ੇਸ਼ ਪਿਆਰ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਤੋਂ ਬਾਅਦ, ਅਧਿਆਪਕਾਂ ਨੇ ਬੱਚਿਆਂ ਦੇ ਜੀਵਨ ਵਿੱਚ ਖੁਸ਼ੀ, ਸੁਪਨਿਆਂ ਅਤੇ ਸਿੱਖਿਆ ਦੀ ਮਹੱਤਤਾ ਨੂੰ ਉਜਾਗਰ ਕਰਨ ਵਾਲੀਆਂ ਸੁੰਦਰ ਕਵਿਤਾਵਾਂ ਪੇਸ਼ ਕੀਤੀਆਂ। ਅਸੈਂਬਲੀ ਨੂੰ ਹੋਰ ਵੀ ਜਾਣਕਾਰੀ ਭਰਪੂਰ ਬਣਾਉਣ ਲਈ, ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਦਿਲਚਸਪ ਆਮ ਗਿਆਨ ਸਵਾਲ ਪੁੱਛੇ। ਬੱਚਿਆਂ ਨੇ ਉਤਸ਼ਾਹ ਨਾਲ ਸਵਾਲਾਂ ਦੇ ਜਵਾਬ ਦਿੱਤੇ। ਇਸ ਤੋਂ ਇਲਾਵਾ, ਦਿਲਚਸਪ ਤੱਥਾਂ ਰਾਹੀਂ, ਵਿਦਿਆਰਥੀਆਂ ਨੇ ਬਹੁਤ ਸਾਰੀਆਂ ਨਵੀਆਂ ਅਤੇ ਦਿਲਚਸਪ ਗੱਲਾਂ ਸਿੱਖੀਆਂ। ਇਸ ਗਤੀਵਿਧੀ ਨੇ ਉਨ੍ਹਾਂ ਦੀ ਉਤਸੁਕਤਾ ਅਤੇ ਸਿੱਖਣ ਦੀ ਭਾਵਨਾ ਨੂੰ ਉਤਸ਼ਾਹਿਤ ਕੀਤਾ। ਪ੍ਰੋਗਰਾਮ ਵਿੱਚ ਮਨੋਰੰਜਨ ਦਾ ਇੱਕ ਵਿਸ਼ੇਸ਼ ਅਹਿਸਾਸ ਜੋੜਨ ਲਈ, ਅਧਿਆਪਕਾਂ ਨੇ ਕੁਝ ਸੁਰੀਲੇ ਗੀਤ ਪੇਸ਼ ਕੀਤੇ। ਵਿਦਿਆਰਥੀਆਂ ਨੇ ਆਪਣੇ ਮਨਮੋਹਕ ਨਾਚ ਪ੍ਰਦਰਸ਼ਨਾਂ ਨਾਲ ਸਾਰਿਆਂ ਨੂੰ ਮੋਹ ਲਿਆ। ਪੂਰਾ ਸਕੂਲ ਕੈਂਪਸ ਸੰਗੀਤ, ਨਾਚ ਅਤੇ ਮਨੋਰੰਜਨ ਗਤੀਵਿਧੀਆਂ ਦੇ ਜੈਕਾਰਿਆਂ ਅਤੇ ਤਾੜੀਆਂ ਨਾਲ ਗੂੰਜ ਉੱਠਿਆ। ਇਸ ਮੌਕੇ ਸਕੂਲ ਦੇ ਚੇਅਰਮੈਨ ਇੰਜੀ. ਚਮਨ ਲਾਲ ਗੁਲਾਟੀ ਨੇ ਸਾਰੇ ਵਿਦਿਆਰਥੀਆਂ ਨੂੰ ਬਾਲ ਦਿਵਸ ਦੀਆਂ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਬੱਚੇ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਦੀ ਪ੍ਰਤਿਭਾ, ਰਚਨਾਤਮਕਤਾ ਅਤੇ ਚੰਗੇ ਮੁੱਲ ਇੱਕ ਮਜ਼ਬੂਤ ਸਮਾਜ ਅਤੇ ਰਾਸ਼ਟਰ ਦਾ ਨਿਰਮਾਣ ਕਰਦੇ ਹਨ। ਸਕੂਲ ਡਾਇਰੈਕਟਰ ਪ੍ਰਿੰਸੀਪਲ ਡਾ. ਧਵਨ ਕੁਮਾਰ ਨੇ ਵੀ ਵਿਦਿਆਰਥੀਆਂ ਨੂੰ ਬਾਲ ਦਿਵਸ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਹਰ ਬੱਚਾ ਵਿਲੱਖਣ ਪ੍ਰਤਿਭਾ ਅਤੇ ਅਥਾਹ ਸੰਭਾਵਨਾਵਾਂ ਨਾਲ ਭਰਿਆ ਹੁੰਦਾ ਹੈ। ਸਕੂਲ ਦਾ ਟੀਚਾ ਬੱਚਿਆਂ ਨੂੰ ਸਿਰਫ਼ ਕਿਤਾਬੀ ਗਿਆਨ ਦੇਣਾ ਹੀ ਨਹੀਂ ਹੈ, ਸਗੋਂ ਉਨ੍ਹਾਂ ਨੂੰ ਆਤਮਵਿਸ਼ਵਾਸੀ, ਜ਼ਿੰਮੇਵਾਰ ਅਤੇ ਸੁਚੱਜੇ ਨਾਗਰਿਕ ਵਜੋਂ ਵਿਕਸਤ ਕਰਨਾ ਵੀ ਹੈ। ਅੰਤ ਵਿੱਚ ਸਾਰੇ ਵਿਦਿਆਰਥੀਆਂ ਨੇ ਇਸ ਖਾਸ ਦਿਨ ਦਾ ਪੂਰਾ ਆਨੰਦ ਮਾਣਿਆ। ਅਧਿਆਪਕਾਂ ਦੁਆਰਾ ਆਯੋਜਿਤ ਇਹ ਵਿਲੱਖਣ ਪ੍ਰੋਗਰਾਮ ਬੱਚਿਆਂ ਲਈ ਯਾਦਗਾਰੀ ਬਣ ਗਿਆ। ਦਰਅਸਲ, ਇਹ ਦਿਨ ਬੱਚਿਆਂ ਦੇ ਚਿਹਰਿਆਂ 'ਤੇ ਮੁਸਕਰਾਹਟ ਲਿਆਉਣ ਅਤੇ ਉਨ੍ਹਾਂ ਦੇ ਬਚਪਨ ਦਾ ਸਨਮਾਨ ਕਰਨ ਦਾ ਇੱਕ ਸੁੰਦਰ ਮੌਕਾ ਸਾਬਤ ਹੋਇਆ।

ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸਮਰਪਿਤ ਸਾਈਕਲ ਰੈਲੀ ਅੱਜ

ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਸ਼ਹੀਦੀ ਨੂੰ ਸਮਰਪਿਤ ਸਾਈਕਲ ਰੈਲੀ ਦੀਆਂ ਤਿਆਰੀਆਂ ਮੁੰਕਮਲ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ



ਕੋਟਕਪੂਰਾ, 15 ਨਵੰਬਰ : ਸ਼ਹੀਦ ਕਰਤਾਰ ਸਿੰਘ ਸਰਾਭਾ (24 ਮਈ 1896-16 ਨਵੰਬਰ 1915) ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ 40 ਕਿਲੋਮੀਟਰ ਸਾਈਕਲ ਰੈਲੀ ਦਾ ਆਯੋਜਨ 15 ਨਵੰਬਰ 2026 ਦਿਨ ਐਤਵਾਰ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸਾਈਕਲ ਰੈਲੀ ਨੂੰ ਲੈ ਕੇ ਪੀ.ਬੀ.04 ਸਾਈਕਲਿੰਗ ਲਵਰਜ਼ ਫ਼ਰੀਦਕੋਟ ਦੀ ਟੀਮ ਵੱਲੋਂ ਤਿਆਰੀਆਂ ਮੁੰਕਮਲ ਕਰ ਦਿੱਤੀਆਂ ਗਈਆਂ ਹਨ। ਇਸ ਸਾਈਕਲ ਰੈਲੀ ਦੀ ਸ਼ੁਰੂਆਤ ਮੌਕੇ ਕੀਤੇ ਜਾ ਰਹੇ ਸਮਾਗਮ 'ਚ ਮੁੱਖ ਮਹਿਮਾਨਾਂ ਵਜੋਂ ਡਿਪਟੀ ਕਮਿਸ਼ਨਰ ਫ਼ਰੀਦਕੋਟ ਸ੍ਰੀ ਰਾਹੁਲ ਚਾਬਾ ਅਤੇ ਸੀਨੀਅਰ ਪੁਲਿਸ ਕਪਤਾਨ ਫ਼ਰੀਦਕੋਟ ਸ.ਗੁਰਬੰਸ ਸਿੰਘ ਬੈਂਸ ਸ਼ਾਮਲ ਹੋਣਗੇ। ਸੁਸਾਇਟੀ ਦੇ ਅਹੁਦੇਦਾਰਾਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਸਾਈਕਲ ਰੈਲੀ ਫ਼ਰੀਦਕੋਟ ਰੈਸਟ ਹਾਊਸ ਤੋਂ ਸਵੇਰੇ 7:30 ਵਜੇ ਸ਼ੁਰੂ ਹੋ ਕੇ ਤਲਵੰਡੀ ਰੋਡ ਹੁੰਦੇ ਹੋਏ ਟਹਿਣਾ ਟੀ-ਪੁਆਇੰਟ ਤੋਂ ਸੱਜੇ ਮੁੜ ਕੇ ਰਾਸ਼ਟਰੀ ਰਾਜ ਮਾਰਗ 54 'ਤੇ ਕੋਟਕਪੂਰਾ ਮੋਗਾ ਰੋਡ ਤੇ ਬਣੇ ਫਲਾਈ ਓਵਰ ਦੇ ਥੱਲੇ ਤੋਂ ਵਾਪਸ ਮੁੜ ਕੇ ਸੇਮ ਰੂਟ ਹੁੰਦੇ ਹੋਏ 40 ਕਿਲੋਮੀਟਰ ਦਾ ਸਫ਼ਰ ਤੈਅ ਕਰਕੇ ਰੈਸਟ ਹਾਊਸ ਸਮਾਪਤ ਹੋਵੇਗੀ। ਰਾਈਡ 'ਚ ਰਜਿਸਟਰ ਹੋਏ ਸਾਈਕਲਿਸਟ ਹੀ ਹਿੱਸਾ ਲੈਣਗੇ। ਇਸ 40 ਕਿਲੋਮੀਟਰ ਰਾਈਡ ਪੂਰੀ ਕਰਨ ਵਾਲੇ ਹਰ ਸਾਈਕਲਿਸਟ ਨੂੰ ਮੈਡਲ ਅਤੇ ਸਰਪ੍ਰਾਈਜ਼ ਗਿਫ਼ਟ ਦਿੱਤਾ ਜਾਵੇਗਾ ਅਤੇ ਸਾਰੇ ਸਾਈਕਲਿਸਟਾਂ ਲਈ ਰਿਫਰੈਸ਼ਮੈਂਟ ਦਾ ਵੀ ਖ਼ਾਸ ਪ੍ਰਬੰਧ ਕੀਤਾ ਗਿਆ ਹੈ। ਇਸ ਸਾਈਕਲ ਰੈਲੀ ਦੇ ਪ੍ਰਬੰਧਕ ਰਾਜਿੰਦਰ ਸਿੰਘ ਮਹਿਮੂਆਣਾ, ਕੁਲਦੀਪ ਸ਼ਰਮਾ, ਰਮਿਤ ਬਜਾਜ ਅਤੇ ਵਿਕਾਸ ਛਾਬੜਾ, ਸਹਿਯੋਗੀ ਸੰਦੀਪ ਮਿੱਤਲ ਨੇ ਰੈਲੀ 'ਚ ਭਾਗ ਲੈਣ ਵਾਲੇ ਸਾਈਕਲਿਸਟਾਂ ਨੂੰ ਸਵੇਰੇ 7:00 ਵਜੇ ਪਹੁੰਚਣ ਲਈ ਅਪੀਲ ਕੀਤੀ ਹੈ।

ਗੁਰੂ ਨਾਨਕ ਦੇਵ ਪਬਲਿਕ ਸਕੂਲ ਵਿਖੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ



ਕੋਟਕਪੂਰਾ, 15 ਨਵੰਬਰ : ਗੁਰੂ ਨਾਨਕ ਦੇਵ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਜੀਵਨ ਵਾਲਾ-ਘਣੀਆਵਾਲਾ ਵਿਖੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪਾਵਨ ਪ੍ਰਕਾਸ਼ ਪੁਰਬ ਬੜੀ ਸ਼ਰਧਾ, ਉਤਸ਼ਾਹ ਅਤੇ ਧਾਰਮਿਕ ਮਰਿਆਦਾ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦਾ ਸਮੁੱਚਾ ਵਾਤਾਵਰਨ ਗੁਰੂ ਸਾਹਿਬ ਦੀ ਬਾਣੀ, ਵਿਚਾਰਧਾਰਾ ਅਤੇ ਅਧਿਆਤਮਿਕ ਰੰਗ ਵਿੱਚ ਰੰਗਿਆ ਨਜ਼ਰ ਆਇਆ। ਸਮਾਗਮ ਦੀ ਸ਼ੁਰੂਆਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਸ਼ਬਦ ਪਾਠ ਅਤੇ ਗੁਰਬਾਣੀ ਕੀਰਤਨ ਨਾਲ ਹੋਈ। ਇਸ ਉਪਰੰਤ ਵਿਦਿਆਰਥੀਆਂ ਵੱਲੋਂ ਗੁਰੂ ਸਾਹਿਬ ਦੇ ਜੀਵਨ, ਸਿੱਖਿਆਵਾਂ ਅਤੇ ਮਹਾਨ ਫ਼ਲਸਫ਼ੇ ਨਾਲ ਸਬੰਧਤ ਧਾਰਮਿਕ ਗਤੀਵਿਧੀਆਂ ਅਤੇ ਵਿਚਾਰ ਸਾਂਝੇ ਕੀਤੇ ਗਏ।ਵਿਦਿਆਰਥੀਆਂ ਨੇ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਸਮਾਗਮ ਵਿੱਚ ਭਾਗ ਲਿਆ ਅਤੇ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੰਦੇਸ਼ ਦਿੱਤਾ। ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੇ ਸਰਬਸਾਂਝੀਵਾਲਤਾ, ਬਰਾਬਰਤਾ, ਸੇਵਾ, ਨਿਮਰਤਾ ਅਤੇ ਕਿਰਤ ਕਰਨ ਦੇ ਸੰਦੇਸ਼ ਤੋਂ ਜਾਣੂ ਕਰਵਾਉਣਾ ਸੀ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੁਖਜਿੰਦਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਗੁਰੂ ਨਾਨਕ ਦੇਵ ਜੀ ਦਾ ਫ਼ਲਸਫ਼ਾ ਸਮੁੱਚੀ ਮਨੁੱਖਤਾ ਲਈ ਚਾਨਣ ਮੁਨਾਰਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ 'ਕਿਰਤ ਕਰੋ, ਨਾਮ ਜਪੋ ਅਤੇ ਵੰਡ ਛਕੋ' ਦੇ ਸਿਧਾਂਤ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਅਤੇ ਸਮਾਜ ਵਿੱਚ ਪਿਆਰ, ਸਾਂਝ ਤੇ ਭਾਈਚਾਰੇ ਦੀ ਭਾਵਨਾ ਕਾਇਮ ਰੱਖਣ ਲਈ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਰਘੂਬੀਰ ਸਿੰਘ ਗਿੱਲ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਸਕੂਲ ਦੀਆਂ ਪ੍ਰਾਪਤੀਆਂ, ਵਿਦਿਅਕ ਗਤੀਵਿਧੀਆਂ ਅਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਸਕੂਲ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਸਕੂਲ ਦੀ ਤਰੱਕੀ ਅਤੇ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਵੀ ਕੀਤੀ। ਇਸ ਪਾਵਨ ਮੌਕੇ ਸਕੂਲ ਦੀ ਚੇਅਰਪਰਸਨ ਸ਼੍ਰੀਮਤੀ ਚਰਨਜੀਤ ਕੌਰ ਗਿੱਲ, ਵਾਈਸ ਚੇਅਰਮੈਨ ਰਘੁਬੀਰ ਸਿੰਘ ਗਿੱਲ, ਮੈਨੇਜਰ ਸ਼੍ਰੀਮਤੀ ਦਲਜੀਤ ਕੌਰ, ਪ੍ਰਿੰਸੀਪਲ ਸੁਖਜਿੰਦਰ ਸਿੰਘ, ਸਕੂਲ ਪ੍ਰਬੰਧਕ ਕਮੇਟੀ ਦੇ ਹੋਰ ਸਤਿਕਾਰਯੋਗ ਮੈਂਬਰਾਂ, ਸਮੂਹ ਅਧਿਆਪਕ ਸਾਹਿਬਾਨ, ਆਸ-ਪਾਸ ਦੇ ਪਿੰਡਾਂ ਤੋਂ ਪਹੁੰਚੇ ਸਰਪੰਚ ਸਾਹਿਬਾਨ, ਪੰਚ ਸਾਹਿਬਾਨ, ਪੱਤਰਕਾਰ ਸਾਹਿਬਾਨ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੇ ਵੀ ਆਪਣੀ ਹਾਜ਼ਰੀ ਲਵਾ ਕੇ ਸਮਾਗਮ ਦੀ ਸ਼ੋਭਾ ਵਧਾਈ। ਉਨ੍ਹਾਂ ਦੀ ਸ਼ਮੂਲੀਅਤ ਨੇ ਇਸ ਧਾਰਮਿਕ ਸਮਾਗਮ ਨੂੰ ਹੋਰ ਵੀ ਯਾਦਗਾਰੀ ਅਤੇ ਪ੍ਰਭਾਵਸ਼ਾਲੀ ਬਣਾ ਦਿੱਤਾ। ਅੰਤ ਵਿੱਚ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਸਮੁੱਚਾ ਸਮਾਗਮ ਸ਼ਰਧਾ, ਸੇਵਾ, ਸਤਿਕਾਰ ਅਤੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਦੇ ਪ੍ਰਚਾਰ ਨੂੰ ਸਮਰਪਿਤ ਰਿਹਾ।

'ਲਾਇਨਜ਼ ਕਲੱਬ ਕੋਟਕਪੂਰਾ ਰਾਇਲ' ਦੇ 26ਵੇਂ ਸਹੁੰ ਚੁੱਕ ਸਮਾਗਮ 'ਚ ਅਹਿਮ ਨੁਕਤਿਆਂ 'ਤੇ ਵਿਚਾਰਾਂ

ਜ਼ਿਲ੍ਹਾ ਗਵਰਨਰ ਵੱਲੋਂ ਕਲੱਬ ਦੇ ਸੇਵਾ ਕਾਰਜਾਂ ਦੀ ਕੀਤੀ ਗਈ ਭਰਪੂਰ ਸ਼ਲਾਘਾ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ



ਕੋਟਕਪੂਰਾ, 15 ਨਵੰਬਰ : ਸਥਾਨਕ ਇਕ ਨਿੱਜੀ ਹੋਟਲ ਵਿੱਚ ਹੋਏ 'ਲਾਇਨਜ਼ ਕਲੱਬ ਕੋਟਕਪੂਰਾ ਰਾਇਲ' ਦੇ 26ਵੇ ਸਹੁੰ ਚੁੱਕ ਸਮਾਗਮ ਦੇ ਮੁੱਖ ਮਹਿਮਾਨ ਲਾਇਨ ਅਜੈ ਕੁਮਾਰ ਗੋਇਲ ਜਿਲਾ ਗਵਰਨਰ-321ਐੱਫ, ਇੰਡਕਸ਼ਨ ਅਫਸਰ ਲਾਇਨ ਐਸ.ਕੇ. ਰਾਣਾ, ਇੰਸਟਾਲੇਸ਼ਨ ਅਫਸਰ ਲਾਇਨ ਨਰੇਸ਼ ਗੋਇਲ ਵੀਡੀਜੀ-1, ਸਟਾਰ ਗੈਸਟ ਲਾਇਨ ਬੀ.ਐਸ. ਸੋਹਲ, ਮਲਟੀਪਲ ਡਿਸਟ੍ਰਿਕ ਲੀਓ ਚੇਅਰਮੈਨ ਐਮ.ਡੀ.-321 ਤੋਂ ਇਲਾਵਾ ਟੀ.ਐਨ. ਗਰੋਵਰ ਪੀ.ਡੀ.ਜੀ., ਰਵਿੰਦਰ ਪ੍ਰਕਾਸ਼ ਗੋਇਲ ਪੀ.ਡੀ.ਜੀ., ਕਮਲ ਮੰਗਲਾ ਰੀਜਨ ਚੇਅਰਮੈਨ ਤੋਂ ਇਲਾਵਾ ਕਲੱਬ ਦੇ ਸਮੂਹ ਅਹੁਦੇਦਾਰ ਤੇ ਮੈਂਬਰਾਂ ਨੇ ਪਰਿਵਾਰਾਂ ਸਮੇਤ ਸ਼ਮੂਲੀਅਤ ਕੀਤੀ। ਮਨਜੀਤ ਸਿੰਘ ਔਲਖ ਪ੍ਰਧਾਨ 2025-26 ਵੱਲੋਂ ਸਮਾਗਮ ਸ਼ੁਰੂ ਕਰਨ ਦੀ ਇਜਾਜਤ ਦਿੰਦਿਆਂ ਮੈਡਮ ਨੀਰੂ ਗੋਇਲ ਵੱਲੋਂ ਪ੍ਰਾਥਨਾ ਅਤੇ ਧਵਜ ਵੰਦਨਾ ਪੜੀ ਗਈ। ਮਨਜੀਤ ਸਿੰਘ ਲਵਲੀ ਫੰਕਸ਼ਨ ਚੇਅਰਮੈਨ ਨੇ ਲਾਇਨ ਲੀਡਰਾਂ ਅਤੇ ਲਾਇਨ ਮੈਂਬਰਾਂ ਨੂੰ ਜੀ ਆਇਆਂ ਆਖਿਆ।



ਸੁਰਜੀਤ ਸਿੰਘ ਘੁਲਿਆਣੀ ਨੇ ਕਲੱਬ ਦੀ ਰਿਪੋਰਟ ਪੜਨ ਉਪਰੰਤ ਜ਼ਿਲਾ ਗਵਰਨਰ ਨੂੰ ਬੇਨਤੀ ਕੀਤੀ ਕਿ ਕੇਂਦਰ ਸਰਕਾਰ ਦੇ ਐਲਾਨ ਮੁਤਾਬਿਕ ਛੋਟੇ ਸਾਹਿਬਜਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਲਾਇਨਇਜਮ ਵਿੱਚ ਮਹੱਤਤਾ ਦਿੱਤੀ ਜਾਵੇ। ਐਸ.ਕੇ. ਰਾਣਾ ਵੀਡੀਜੀ-2 ਨੇ ਨਵੇਂ ਮੈਂਬਰ ਗਗਨਦੀਪ ਮਲਿਕ ਨੂੰ ਕਲੱਬ 'ਚ ਸ਼ਾਮਲ ਕਰਕੇ ਜੀ ਆਇਆਂ ਆਖਿਆ। ਲਾਇਨ ਨਰੇਸ਼ ਗੋਇਲ ਵੀ.ਡੀ.ਜੀ.-1 ਨੇ 2026-27 ਲਈ ਚੁਣੀ ਗਈ ਨਵੀਂ ਟੀਮ ਨੂੰ ਉਹਨਾਂ ਦੀਆਂ ਡਿਊਟੀਆਂ ਬਾਰੇ ਦੱਸਦਿਆਂ ਨਵੇਂ ਪ੍ਰਧਾਨ ਇੰਜੀ. ਭੁਪਿੰਦਰ ਸਿੰਘ ਕਮੋਂ ਨੂੰ ਅਹੁਦੇ ਦੀ ਸਹੁੰ ਚੁਕਾਈ। ਉਪਰੰਤ ਮੁੱਖ ਮਹਿਮਾਨ ਲਾਇਨ ਅਜੈ ਗੋਇਲ ਜਿਲਾ ਗਵਰਨਰ 321ਐਫ ਨੇ ਲਾਇਨਇਜਮ ਬਾਰੇ ਵਿਸਥਾਰਪੂਰਵਕ ਜਾਣਕਾਰੀ ਦੇਣ ਉਪਰੰਤ ਨਵੀਂ ਟੀਮ ਨੂੰ ਮੁਬਾਰਕਾਂ ਦਿੱਤੀਆਂ ਅਤੇ ਲਾਇਨਜ ਕਲੱਬ ਕੋਟਕਪੂਰਾ ਰਾਇਲ ਵੱਲੋਂ ਪਿਛਲੇ ਸਮੇਂ ਦੌਰਾਨ ਕੀਤੇ ਜਾ ਰਹੇ ਸੇਵਾ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ। ਰਵਿੰਦਰ ਪ੍ਰਕਾਸ਼ ਪੀ.ਡੀ.ਜੀ. ਨੇ ਨਵੀਂ ਟੀਮ ਨੂੰ ਵਧਾਈ ਦਿੰਦਿਆਂ ਜਿਲਾ ਲੀਡਰਾਂ ਨੂੰ ਬੇਨਤੀ ਕੀਤੀ ਕਿ ਜਿਲਾ 321ਐਫ ਦੀ ਵੰਡ ਨਾ ਕੀਤੀ ਜਾਵੇ। ਮਾਸਟਰ ਆਫ ਸੈਰੇਮਨੀ ਡਾ. ਸੁਨੀਲ ਛਾਬੜਾ ਅਤੇ ਵਿਨੋਦ ਮਿੱਤਲ ਵੱਲੋਂ ਬਾਖੂਬੀ ਨਿਭਾਈ ਗਈ। ਉਪਰੰਤ ਨਵ-ਨਿਯੁਕਤ ਪ੍ਰਧਾਨ ਭੁਪਿੰਦਰ ਸਿੰਘ ਤੇ ਉਹਨਾ ਦੀ ਹਮਸਫਰ ਧਰਮਪਤਨੀ ਦੇ ਵਿਆਹ ਦੀ ਵਰੇਗੰਢ ਦੀ ਖੁਸ਼ੀ ਵਿੱਚ ਕੇਕ ਵੀ ਕੱਟਿਆ ਗਿਆ। ਸੁਰਜੀਤ ਸਿੰਘ ਘੁਲਿਆਣੀ ਨੇ ਮਹਿਮਾਨਾ ਦਾ ਧੰਨਵਾਦ ਕੀਤਾ, ਜਦਕਿ ਪ੍ਰਧਾਨ ਇੰਜੀ. ਭੁਪਿੰਦਰ ਸਿੰਘ ਵੱਲੋਂ ਸਮਾਗਮ ਦੀ ਸਮਾਪਤੀ ਦਾ ਐਲਾਨ ਕੀਤਾ ਗਿਆ।

ਬਾਬਾ ਦੀਪ ਸਿੰਘ ਜੀ – ਸਿੱਖੀ ਦੀ ਸ਼ਾਨ, ਸ਼ਹੀਦਾਂ ਦੇ ਸਿਰਤਾਜ ਜੀ

ਵਰਲਡ ਪੰਜਾਬੀ ਟਾਈਮਜ਼
ਸੁਰਜੀਤ ਸਾਰੰਗ



ਬਾਬਾ ਦੀਪ ਸਿੰਘ ਜੀ ਦਾ ਨਾਂ ਸੁਣਦਿਆਂ ਹੀ ਸਿਰ ਸਤਿਕਾਰ ਨਾਲ ਝੁੱਕ ਜਾਂਦਾ ਹੈ ਜੀ।

ਬਾਬਾ ਜੀ ਦਾ ਜਨਮ ਪਿੰਡ ਪਹੁਵਿੰਡ, ਅੰਮ੍ਰਿਤਸਰ ਵਿੱਚ ਹੋਇਆ ਸੀ ਜੀ। ਬਚਪਨ ਤੋਂ ਹੀ ਬਾਬਾ ਜੀ ਗੁਰੂ ਘਰ ਨਾਲ ਜੁੜੇ ਹੋਏ ਸਨ ਜੀ। ਗੁਰੂ ਗੋਬਿੰਦ ਸਿੰਘ ਜੀ ਤੋਂ ਅੰਮ੍ਰਿਤ ਛਕਿਆ ਸੀ ਜੀ।

ਬਾਬਾ ਜੀ ਸਿਰਫ਼ ਯੋਧਾ ਹੀ ਨਹੀਂ ਸਨ ਜੀ, ਬਾਬਾ ਜੀ ਤਾਂ ਵਿਦਵਾਨ ਵੀ ਸਨ ਜੀ। ਉਨ੍ਹਾਂ ਨੇ ਗੁਰੂ ਗ੍ਰੰਥ ਸਾਹਿਬ ਜੀ ਦੇ ਹੱਥ ਲਿਖਤ ਸਰੂਪ ਲਿਖੇ ਸਨ ਜੀ।

ਪਰ ਜੀ, ਜਦੋਂ ਜਹਾਨ ਖ਼ਾਨ ਨੇ ਸ੍ਰੀ ਹਰਿਮੰਦਰ ਸਾਹਿਬ ਜੀ ਤੇ ਹਮਲਾ ਕਰਕੇ ਬੇਅਦਬੀ ਕੀਤੀ ਜੀ, ਤਾਂ ਬਾਬਾ ਜੀ ਦਾ ਖ਼ੂਨ ਖੌਲ ਉੱਠਿਆ ਜੀ।

ਬਾਬਾ ਜੀ ਨੇ ਉਸ ਵੇਲੇ ਪ੍ਰਣ ਕੀਤਾ ਸੀ ਜੀ –

"ਮੈਂ ਆਪਣਾ ਸੀਸ ਸੱਚਖੰਡ ਵਿੱਚ ਜਾ ਕੇ ਹੀ ਧਰਾਂਗਾ ਜੀ, ਦਰਬਾਰ ਸਾਹਿਬ ਨੂੰ ਆਜ਼ਾਦ ਕਰਵਾ ਕੇ ਹੀ ਦਮ ਲਵਾਂਗਾ ਜੀ।"

ਉਮਰ 75 ਸਾਲ ਦੀ ਸੀ ਜੀ, ਦਾੜ੍ਹੀ ਚਿੱਟੀ ਹੋ ਚੁੱਕੀ ਸੀ ਜੀ, ਪਰ ਹੌਸਲਾ ਜਵਾਨਾਂ ਤੋਂ ਵੀ ਵੱਧ ਸੀ ਜੀ। ਹੱਥ ਵਿੱਚ ਖੰਡਾ ਫੜ ਕੇ, ਬਾਬਾ ਜੀ ਅੱਗੇ-ਅੱਗੇ ਤੁਰੇ ਜੀ, ਪਿੱਛੇ ਸਿੰਘਾਂ ਦਾ ਕਾਫ਼ਲਾ ਤੁਰਿਆ ਜੀ।

ਜੰਗ ਹੋਈ ਜੀ, ਬਹੁਤ ਭਿਆਨਕ ਜੰਗ ਹੋਈ ਜੀ। ਬਾਬਾ ਜੀ ਦਾ ਸੀਸ ਕੱਟਿਆ ਗਿਆ ਜੀ, ਪਰ ਬਾਬਾ ਜੀ ਰੁਕੇ ਨਹੀਂ ਜੀ।

ਇਹੀ ਤਾਂ ਸਿੱਖੀ ਦਾ ਚਮਤਕਾਰ ਹੈ ਜੀ, ਬਾਬਾ ਜੀ ਨੇ ਆਪਣਾ ਕੱਟਿਆ ਹੋਇਆ ਸੀਸ ਆਪਣੇ ਹੱਥ ਤੇ ਰੱਖ ਲਿਆ ਜੀ, ਤੇ ਦੁਸ਼ਮਣਾਂ ਨਾਲ ਲੜਦੇ-ਲੜਦੇ ਸ੍ਰੀ ਹਰਿਮੰਦਰ ਸਾਹਿਬ ਜੀ ਤੱਕ ਪਹੁੰਚ ਗਏ ਜੀ।

ਜਿਵੇਂ ਤਸਵੀਰ ਵਿੱਚ ਦਿਖ ਰਿਹਾ ਹੈ ਜੀ, ਸੀਸ ਕੱਟਿਆ ਹੋਇਆ, ਹੱਥ ਵਿੱਚ ਖੰਡਾ, ਤੇ ਫਿਰ ਵੀ ਦੁਸ਼ਮਣਾਂ ਦੇ ਹੌਸਲੇ ਪਸਤ ਕਰ ਦਿੱਤੇ ਜੀ।

ਬਾਬਾ ਜੀ ਨੇ ਆਪਣਾ ਸੀਸ ਸੱਚਖੰਡ ਵਿੱਚ ਜਾ ਕੇ ਹੀ ਧਰਿਆ ਜੀ, ਆਪਣਾ ਪ੍ਰਣ ਪੂਰਾ ਕੀਤਾ ਜੀ।

ਮੈਂ ਤਾਂ ਇਹੀ ਕਹਾਂਗੀ ਜੀ, ਬਾਬਾ ਦੀਪ ਸਿੰਘ ਜੀ ਸਾਨੂੰ ਇਹ ਸਿਖਾਉਂਦੇ ਨੇ ਜੀ –

ਧਰਮ ਲਈ ਸੀਸ ਦੇਣਾ, ਸਭ ਤੋਂ ਵੱਡੀ ਸ਼ਹਾਦਤ ਹੈ ਜੀ।

ਗੁਰੂ ਘਰ ਦੀ ਬੇਅਦਬੀ ਕਦੇ ਸਹਿਣੀ ਨਹੀਂ ਜੀ।

ਉਮਰ ਭਾਵੇਂ ਬੁੱਢੀ ਹੋ ਜਾਵੇ ਜੀ, ਹੌਂਸਲਾ ਕਦੇ ਬੁੱਢਾ ਨਹੀਂ ਹੋਣਾ ਚਾਹੀਦਾ ਜੀ।

ਅੱਜ ਵੀ ਜਦੋਂ ਅਸੀਂ ਬਾਬਾ ਜੀ ਦਾ ਨਾਂ ਲੈਂਦੇ ਹਾਂ ਜੀ, ਤਾਂ ਸਾਡੇ ਅੰਦਰ ਇੱਕ ਨਵੀਂ ਜੋਸ਼, ਇੱਕ ਨਵਾਂ ਹੌਂਸਲਾ ਆ ਜਾਂਦਾ ਹੈ ਜੀ।

ਧੰਨ ਧੰਨ ਬਾਬਾ ਦੀਪ ਸਿੰਘ ਜੀ,
ਜਿਨ੍ਹਾਂ ਨੇ ਸੀਸ ਦੇ ਕੇ ਸਿੱਖੀ ਦੀ ਲਾਜ ਰੱਖ ਲਈ ਜੀ।